ਪੰਜਾਬ ਸਰਕਾਰ
ਸਥਾਨਕ ਸਰਕਾਰ, ਵਿਭਾਗ
(ਲੇਖਾ ਸਾਖਾ)

MFile / ਸੁਪਰਡੈਂਟ 2
11/8/1
298
12/8/14
2/ਪ

ਸੇਵਾ ਵਿਖੇ,

ਕਾਰਜ ਸਾਧਕ ਅਫਸਰ,
ਨਗਰ ਕੌਂਸਲ, ਬਟਾਲਾ।

ਨੰ: ਲੇਖਾ-6-ਉਕਵਲ-ਡਸਸ-14/30167
ਮਿਤੀ: 6-08-14

ਵਿਸਾ:- ਨਗਰ ਕੌਂਸਲ, ਬਟਾਲਾ ਦਾ ਬਜਟ ਸਾਲ 2014-15 ਸੰਬਧੀ।

********

ਉਪਰੋਕਤ ਵਿਸ਼ੇ ਦੇ ਹਵਾਲੇ ਵਿੱਚ।

2. ਉਕਤ ਸਥਾਨਕ ਸੰਸਥਾ ਦਾ ਬਜਟ ਅਨੁਮਾਨ ਸਾਲ 2014-15 ਇਸ ਵਿਭਾਗ ਵਿਖੇ ਪ੍ਰਵਾਨਗੀ ਲਈ ਪ੍ਰਾਪਤ ਹੋਇਆ ਹੈ। ਸਥਾਨਕ ਸੰਸਥਾਂ ਵਲੋਂ ਸਾਲ 2014-15 ਲਈ ਅਸਲ ਆਮਦਨ ਅਤੇ ਖਰਚਾ ਹੇਠ ਅਨੁਸਾਰ ਦਰਸਾਇਆ ਗਿਆ ਹੈ :-

ਬਜਟ ਐਸਟੀਮੇਟ (2014-15) (ਰਕਮ ਲੱਖਾਂ ਵਿੱਚ)

| ਆਮਦਨ | ਵਿਭਾਗ ਦੀ ਤਜਵੀਜ |
|---|---|
| ਮਿਤੀ 01/04/2014 ਨੂੰ ਮੁੱਢਲਾ ਬਕਾਇਆ (ਕੈਸ਼ ਬੁੱਕ ਅਨੁਸਾਰ) | 91.34 |
| ਸਾਲ 2014-15 ਲਈ ਆਮਦਨ | 2729.12 |
| ਕੁਲ | **2820.46** |
| ਖਰਚਾ | |
| ੳ) ਅਮਲਾ-(ਸਮੇਤ ਤਨਖਾਹਾਂ, ਏਰੀਅਰ, ਪੈਨਸਨ ਕੰਟਰੀਬਿਊਸ਼ਨ ਰਿਟਾਇਰਮੈਂਟ ਲਾਭ, ਮੈਡੀਕਲ ਰਿਬਰਸਮੈਂਟ ਅਤੇ ਟੀ.ਏ/ਐਲ.ਟੀ.ਸੀ ਆਦਿ) | 1664.34 |
| ਅ) ਕੰਟੀਜੈਂਸੀ: | 57.60 |
| ੲ) ਵਿਕਾਸ ਦੇ ਕੰਮਾਂ ਲਈ: | 1047.37 |
| ਕੁਲ | **2769.31** |
| ਮਿਤੀ 31/3/2015 ਲਈ ਅੰਤਿਮ ਬਕਾਇਆ | 51.15 |
| ਕੁਲ | **2820.46** |

ਆਮਦਨ- ਇਸ ਮੱਦ ਅਧੀਨ ਸਾਲ 2014-15 ਲਈ ਹੇਠ ਦਰਸਾਏ ਹੈਡਾਂ ਸਮੇਤ ਬਾਕੀ ਹੈਡਾਂ ਦੀ ਕੁੱਲ ਆਮਦਨ 2729.12 ਲੱਖ ਰੁਪਏ ਪ੍ਰਵਾਨ ਕੀਤੀ ਜਾਂਦੀ ਹੈ -

| ਲੜੀ ਨੰ | ਹੈਡ ਦਾ ਨਾਮ | ਵਿਭਾਗ ਦੀ ਪ੍ਰਵਾਨਗੀ |
|---|---|---|
| 1 | ਹਾਉਸ ਟੈਕਸ/ਪ੍ਰਾਪਰਟੀ ਟੈਕਸ | 255.00 |
| 2 | ਵੈਟ | 1373.75 |
| 3 | ਬਿਜਲੀ ਤੇ ਚੂੰਗੀ | 130.00 |
| 4 | ਐਕਸਾਈਜ ਡਿਊਟੀ | 85.67 |
| 5 | ਵਾਟਰ ਸਪਲਾਈ | 70.00 |
| 6 | ਬਿਲਡਿੰਗ ਐਪਲੀਕੇਸ਼ਨ ਫੀਸ | 150.00 |
| 7 | ਸੀਵਰੇਜ | 60.00 |
| 8 | ਲਾਇਸੰਸ ਫੀਸ | 5.50 |
| 9 | ਤਹਿਬਜਾਰੀ/ਕਿਰਾਇਆ | 18.00 |
| 10 | ਇਸਤਿਹਾਰ | 3.50 |
| 11 | ਸਲਾਟਰ ਹਾਊਸ/ਹਸਪਤਾਲ | 0.35 |
| 12 | ਅੱਡਾ ਫੀਸ | 27.35 |
| 13 | ਸੇਲ ਆਫ ਪ੍ਰਾਪਰਟੀ | 500.00 |
| 14 | ਮਿਸਲੇਨੀਅਸ | 50.00 |
| | ਕੁਲ ਜੋੜ | **2729.12** |

ਇਸ ਮੱਦ ਅਧੀਨ ਪ੍ਰਵਾਨ ਹੋਇਆ ਖਰਚਾ ਕੇਵਲ ਮੌਜੂਦਾ ਪੋਸਟਾ ਲਈ, ਪੈਨਸ਼ਨ ਕੰਟਰੀਬਿਊਸ਼ਨ ਲਈ ਜਾਵੇਗਾ।

ਨੋਟ :- ਆਪ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਹਾਊਸ ਟੈਕਸ ਮੱਦ ਅਧੀਨ ਵਸੂਲਣਯੋਗ 150.00 ਲੱਖ ਰੁ. ਵਾਟਰ ਸਪਲਾਈ ਦਾ 55.80 ਲੱਖ ਅਤੇ ਸੀਵਰੇਜ ਮੱਦ ਅਧੀਨ 22.27 ਲੱਖ ਰੁਪਏ ਬਕਾਇਆ ਸਾਲ 2014-15 ਦੌਰਾਨ ਹਰ ਹਾਲ ਵਿੱਚ ਵਸੂਲ ਕੀਤਾ ਜਾਵੇ।

2) ਨਗਰ ਕੌਂਸਲ ਨੂੰ ਲਿਖਿਆ ਜਾਂਦਾ ਹੈ ਕਿ ਕਿਸੇ ਵੀ ਆਸਾਮੀ ਨੂੰ ਆਪਣੇ ਪੱਧਰ ਤੇ ਇਸ ਵਿਭਾਗ ਤੋਂ ਪ੍ਰਵਾਨਤ ਸਕੇਲ ਤੋਂ ਵੱਧ ਸਕੇਲ ਨਾ ਦਿੱਤਾ ਜਾਵੇ ਅਤੇ ਨਾ ਹੀ ਕਿਸੇ ਪੋਸਟ ਨੂੰ ਇਸ ਵਿਭਾਗ ਤੋਂ ਪ੍ਰਵਾਨਤ ਪੋਸਟਾਂ ਤੋਂ ਇਲਾਵਾ ਕੋਈ ਡੈਜੀਗਨੇਸ਼ਨ ਦਿੱਤਾ ਜਾਵੇ।

ਕੰਟੀਜੈਂਸੀ:- ਇਸ ਮੱਦ ਅਧੀਨ ਸਾਲ 2014-15 ਲਈ ਹੇਠ ਦਰਸਾਏ ਹੈਡਾਂ ਸਮੇਤ ਬਾਕੀ ਹੈਡਾਂ ਦਾ ਕੁਲ ਖਰਚਾ 57.60 ਲੱਖ ਰੁਪਏ ਪ੍ਰਵਾਨ ਕੀਤਾ ਜਾਂਦਾ ਹੈ :-

| ਲੜੀ ਨੰ | ਹੈਡ ਦਾ ਨਾਮ | ਵਿਭਾਗ ਦੀ ਪ੍ਰਵਾਨਗੀ |
|---|---|---|
| 1 | ਸਟੇਸ਼ਨਰੀ | 5.00 |
| 2 | ਪੈਟਰੋਲ ਅਤੇ ਵਹੀਕਲ / ਰੱਖ ਰਖਾਵ | 20.00 |
| 3 | ਬਿਜਲੀ ਦੇ ਬਿਲ | 7.00 |
| 4 | ਕੰਪਿਊਟਰ | 1.00 |
| 5 | ਟੈਲੀਫੋਨ | 0.70 |
| 6 | ਹੋਰ ਮਿਸਲੇਨੀਅਸ | 23.90 |
| | ਕੁਲ ਜੋੜ | [illegible] |

ਨੋਟ:- ਕਿਸੇ ਵੀ ਸਬ ਹੈਡ ਅਧੀਨ ਖਰਚਾ ਵੱਧਣ ਦੀ ਸੂਰਤ ਵਿੱਚ ਇਸ ਦਫਤਰ ਵੱਲੋਂ ਬਜਟ [illegible] ਕਰਵਾਈ ਜਾਵੇ ਅਤੇ ਆਪਣੇ ਪੱਧਰ ਤੇ ਸਬ ਹੈਡਾਂ ਦੇ ਬਜਟ ਦੀ ਅਡਜਸਟਮੈਂਟ ਨਾ ਕੀਤੀ ਜਾਵੇ।

ਵਿਕਾਸ:- ਇਸ ਮੱਦ ਅਧੀਨ ਹੇਠ ਦਰਸਾਏ ਹੈਡਾਂ ਸਮੇਤ ਬਾਕੀ ਹੈਡਾਂ (ਕਮਿਟਡ ਅਤੇ ਨਾਨ ਕਮਿਟਡ) ਲਈ ਕੁਲ ਖਰਚ 1047.37 ਲੱਖ ਰੁਪਏ ਪ੍ਰਵਾਨ ਕੀਤਾ ਜਾਂਦਾ ਹੈ :-

| ਲੜੀ ਨੰ | ਹੈਡ ਦਾ ਨਾਮ (ਕਮਿਟਡ) | ਵਿਭਾਗ ਦੀ ਪ੍ਰਵਾਨਗੀ |
|---|---|---|
| 1. | ਬਿਜਲੀ ਦੇ ਬਿੱਲ | 150.00 |
| 2. | ਐਮ.ਸੀ ਬਿਲਡਿੰਗ | 5.00 |
| 3. | ਵਾਟਰ ਸਪਲਾਈ ਅਤੇ ਸੀਵਰੇਜ ਰੱਖ ਰਖਾਵ | 80.00 |
| 4 | ਡਾਇਰੈਕਟੋਰੇਟ ਚਾਰਜਿਜ | 3.16 |
| 5. | ਇਲੈਕਸ਼ਨ ਚਾਰਜਿਜ | 2.35 |
| 6. | ਕਾਨੂੰਨੀ ਖਰਚੇ | 4.00 |
| 7. | ਆਡਿਟ ਫੀਸ | 55.40 |
| 8. | ਮਸ਼ੀਨਰੀ | 30.00 |
| 9. | ਸੌਲਿਡ ਵੇਸਟ | 15.00 |
| 10. | ਸੜਕਾਂ ਦੀ ਰਿਪੇਅਰ | 40.00 |
| 11. | ਨਾਲੀਆਂ/ਨਾਲੀਆਂ ਦੀ ਰਿਪੇਅਰ | 55.00 |
| 12. | ਨਵੀਂਆਂ ਗਲੀਆਂ ਦੀ ਉਸਾਰੀ | 55.00 |
| 13. | ਸਟਰੀਟ ਲਾਈਟ/ਰੱਖ ਰਖਾਵ | 55.00 |
| 14. | ਸਟਰੀਟ ਲਾਈਟ ਬਿਲ | 100.00 |
| 15. | ਸੈਨੀਟੇਸ਼ਨ | 236.00 |
| 16. | ਹੋਰ ਦੇਣਦਾਰੀਆਂ | 58.46 |
| 17. | 52 (1) ਬੀ | 3.00 |
| 18. | ਹੋਰ ਫੁਟਕਲ ਕੰਮਾਂ ਵਾਸਤੇ | 100.00 |
| | ਜੋੜ | **1047.37** |

ਨੋਟ :- ਨਗਰ ਕੌਂਸਲ ਦੀ ਵਿੱਤੀ ਹਾਲਤ ਠੀਕ ਨਾ ਹੋਣ ਕਾਰਨ ਮਿਉਂਸਪਲ ਭਵਨ ਲਈ ਕੰਟਰੀਬਿਊਸ਼ਨ ਦੀ ਰਾਸ਼ੀ ਨ ਕੱਟੀ ਗਈ ਹੈ।

ਜ਼ੋਰ ਪ੍ਰਾਪਤ ਕੀਤਾ ਜਾਵੇ ਅਤੇ ਪ੍ਰਵਾਨਤ ਖਰਚੇ ਨੂੰ ਪ੍ਰਾਪਤ ਹੋਣ ਵਾਲੀ ਆਮਦਨ ਦੇ ਸਨਮੁੱਖ ਕੀਤਾ ਜਾਵੇ । ਸਾਲ ਦੇ ਅੰਤ ਤੇ ਤਜਵੀਜਤ ਬਕਾਏ ਨੂੰ ਬਰਕਰਾਰ ਰਖਿਆ ਜਾਵੇ ।

ਸਾਲ 2014-15 ਲਈ ਮਿਥਿਆ ਗਿਆ ਆਮਦਨ ਦਾ ਟੀਚਾ ਪੂਰਾ ਕਰਨ ਲਈ ਕਾਰਜ ਸਾਧਕ ਅਫਸਰ ਦੀ ਜੁੰਮੇਵਾਰੀ ਹੋਵੇਗੀ

2. ਨਗਰ ਕੌਂਸਲ ਅੰਦਰ ਪੈਂਦੀਆਂ ਸਾਰੀਆਂ ਇਮਾਰਤਾਂ ਦਾ ਹਾਊਸ ਟੈਕਸ ਅਤੇ ਹੋਰ ਤਰ੍ਹਾਂ ਦੀ ਉਗਰਾਹੀ ਲਈ ਸਰਵੇ ਤਿੰਨ ਮਹੀਨੇ ਦੇ ਅੰਦਰ-ਅੰਦਰ ਮੁਕੰਮਲ ਕਰਵਾਇਆ ਜਾਵੇ ਅਤੇ ਏਰੀਅਰ ਦੀ 100% ਰਿਕਵਰੀ ਯਕੀਨੀ ਬਣਾਈ ਜਾਵੇ ।
3. ਅਮਲੇ ਦੇ ਖਰਚੇ ਅਤੇ ਦਫਤਰੀ ਖਰਚੇ ਨੂੰ ਹੋਰ ਘੱਟ ਕਰਨ ਸਬੰਧੀ ਉਪਰਾਲੇ ਕੀਤੇ ਜਾਣ ।
4. ਕਿਸੇ ਵੀ ਖਰਚੇ ਦੀ ਮੱਦ ਅਧੀਨ ਪ੍ਰਵਾਨ ਕੀਤੇ ਖਰਚੇ ਤੋਂ ਵੱਧ ਖਰਚਾ ਸਮਰੱਥ ਅਧਿਕਾਰੀ ਦੀ ਪ੍ਰਵਾਨਗੀ ਲਏ ਬਗੈਰ ਨਾ ਕੀਤਾ ਜਾਵੇ ਅਤੇ ਨਾ ਹੀ ਅਗਾਊਂ ਪ੍ਰਵਾਨਗੀ ਆਉਣ ਦੀ ਆਸ ਵਿੱਚ ਕੀਤਾ ਜਾਵੇ ।
5. ਕੋਈ ਨਵੀਂ ਅਸਾਮੀ/ਖਾਲੀ ਅਸਾਮੀ ਸਥਾਨਕ ਸਰਕਾਰ ਵਿਭਾਗ ਦੀ ਪੂਰਵ ਪ੍ਰਵਾਨਗੀ ਤੋਂ ਬਿਨਾਂ ਨਾ ਭਰੀ ਜਾਵੇ ।
6. ਇਸ ਵਿਭਾਗ ਦੀ ਪ੍ਰਵਾਨਗੀ ਤੋਂ ਬਗੈਰ ਕਿਸੇ ਅਸਾਮੀ ਦੀ ਤਬਦੀਲੀ ਨਾ ਕੀਤੀ ਜਾਵੇ ਅਤੇ ਕਰਮਚਾਰੀ ਦਾ ਕਾਡਰ ਵੀ ਤਬਦੀਲ ਨਾ ਕੀਤਾ ਜਾਵੇ ।
7. ਕੋਈ ਵੀ ਵਹੀਕਲ ਇਸ ਦਫਤਰ ਦੀ ਪੂਰਵ ਪ੍ਰਵਾਨਗੀ ਤੋਂ ਬਿਨ੍ਹਾਂ ਖਰੀਦ ਨਾ ਕੀਤਾ ਜਾਵੇ ।
8. ਡੇਲੀਵੇਜਿਜ ਜਾਂ ਕੰਟਰੈਕਟ ਦੇ ਅਧਾਰ ਤੇ ਇਸ ਦਫਤਰ ਦੀ ਵਿਸੇਸ ਪੂਰਵ ਪ੍ਰਵਾਨਗੀ ਤੋਂ ਬਿਨ੍ਹਾਂ ਕੋਈ ਵੀ ਨਿਯੁਕਤੀ ਨਾ ਕੀਤੀ ਜਾਵੇ ।
9. ਕੰਟਰੈਕਟ/ਠੇਕੇ ਤੇ ਭਰਤੀ ਕਰਨ ਦੀ ਬਜਾਏ ਜਿੱਥੋਂ ਤੱਕ ਸੰਭਵ ਹੋਵੇ ਕਿਸੇ ਬਾਹਰੀ ਸੰਸਥਾ ਤੋਂ ਲੋੜੀਂਦੇ ਸਟਾਫ ਦੀਆਂ ਸੇਵਾਵਾਂ ਪ੍ਰਾਪਤ ਕੀਤੀਆਂ ਜਾਣ ਤਾਂ ਜੋ ਸਥਾਨਕ ਸੰਸਥਾ ਨੂੰ ਭਵਿੱਖ ਵਿੱਚ ਕਿਸੇ ਕਿਸਮ ਦੀ ਕਾਨੂੰਨੀ ਅੜਚਨ ਨਾ ਆਵੇ ।
10. ਚੰਡੀਗੜ੍ਹ ਵਿਖੇ ਉਸਾਰੇ ਜਾਣ ਵਾਲੇ ਮਿਊਂਸਪਲ ਭਵਨ ਲਈ ਨਗਰ ਕੌਂਸਲ ਦੀ ਕੁਲ ਆਮਦਨ ਦਾ 1% ਦੀ ਰਾਸੀ ਦਾ ਉਪਬੰਧ ਕੀਤਾ ਜਾਂਦਾ ਹੈ ।
11. <u>ਵਿਕਾਸ</u> : ਵਰਕਸ ਦਾ ਖਰਚਾ ਸਪਲਿਟ ਕਰਨ ਤੇ ਪਾਬੰਦੀ ਹੈ । ਹਰ ਹਾਲਤ ਵਿੱਚ ਜੋ ਪੈਸੇ ਸਰਕਾਰ ਵੱਲੋਂ ਦਿੱਤੇ ਜਾਂਦੇ ਹਨ, ਉਸ ਨਾਲ ਕੰਮ ਵੀ ਸਮੇਂ ਸੀਮਾਂ ਅਤੇ ਮਿਥੇ ਤਖਮੀਨੇ ਵਿੱਚ ਮੁਕੰਮਲ ਕੀਤਾ ਜਾਵੇ । ਗਰਾਂਟ ਦਾ ਖਰਚਾ ਸਕੀਮ ਵਿੱਚ ਦਰਜ ਹਦਾਇਤਾਂ ਅਨੁਸਾਰ ਕੀਤਾ ਜਾਵੇ ਅਤੇ ਵਰਤੋਂ ਸਰਟੀਫਿਕੇਟ ਮੁੱਖ ਦਫਤਰ ਵਿਖੇ ਸਬੰਧਤ ਸਾਖਾ ਨੂੰ ਸਮੇਂ-ਸਿਰ ਪੁੱਜਦਾ ਕੀਤਾ ਜਾਵੇ । ਕੌਂਸਲ ਵੱਲੋਂ ਹਰ ਸਾਲ ਅਪਣੀ ਪ੍ਰਬੰਧਕੀ ਰਿਪੋਰਟ ਤਿਆਰ ਕਰਕੇ ਸਮੇਂ ਸਿਰ ਸਰਕਾਰ ਨੂੰ ਭੇਜੀ ਜਾਵੇ । ਵਰਕਚਾਰਜ ਅਮਲੇ ਤੇ ਹੋਣ ਵਾਲਾ ਖਰਚਾ ਵਿਕਾਸ ਦੀ ਮੱਦ ਹੇਠ ਨਾ ਕੀਤਾ ਜਾਵੇ ਉਸ ਨੂੰ ਅਮਲੇ ਦੀ ਮੱਦ ਵਿੱਚ ਕੀਤਾ ਜਾਵੇ ।
12. ਫਾਇਰ ਬ੍ਰਿਗੇਡ ਲਈ ਲੋੜੀਂਦੇ ਡਰਾਈਵਰ ਪਾਸਕੋ ਤੋਂ ਜਾਂ ਕਿਸੇ ਬਾਹਰੀ ਸੰਸਥਾ ਤੋਂ ਲਏ ਜਾਣ ।
13. ਸਾਲ 2014-15 ਦੌਰਾਨ ਵਿਕਾਸ ਦੇ ਕੰਮਾਂ ਦੀ ਜੋ ਸੂਚੀ ਬਜਟ ਅਨੁਮਾਨ ਨਾਲ ਭੇਜੀ ਹੈ ਉਸ ਦੇ ਅਨੁਸਾਰ ਹੀ ਵਿਕਾਸ ਦੇ ਕੰਮ ਕਰਵਾਏ ਜਾਣ ਨੂੰ ਯਕੀਨੀ ਬਣਾਇਆ ਜਾਵੇ ।
14. ਕਰਮਚਾਰੀਆਂ ਨੂੰ ਮਿਲਣ ਵਾਲੇ ਰਿਟਾਇਰਲ ਡਿਊਜ, ਜੀ.ਪੀ.ਫੰਡ ਦੀ ਅਦਾਇਗੀ, ਪੈਨਸਨ ਫੰਡ ਦੀ ਅਦਾਇਗੀ, ਹੁਡਕੋ ਅਤੇ ਐਲ.ਆਈ.ਸੀ.ਦੇ ਕਰਜਿਆਂ ਦੀ ਅਦਾਇਗੀ ਨੂੰ ਫਸਟ ਚਾਰਜ ਰੱਖਦੇ ਹੋਏ ਪਹਿਲ ਦੇ ਅਧਾਰ ਤੇ ਅਦਾਇਗੀ ਕੀਤੀ ਜਾਵੇ ।
15. ਕਰਮਚਾਰੀਆਂ ਨੂੰ ਕਰਜੇ ਦੇਣ ਦੇ ਸਬੰਧ ਵਿੱਚ ਰਾਜ ਸਰਕਾਰ ਦੁਆਰਾ ਆਪਣੇ ਕਰਮਚਾਰੀਆਂ ਲਈ ਜਾਰੀ ਕੀਤੇ ਦਿਸਾ-ਨਿਰਦੇਸਾਂ ਦੀ ਪਾਲਣਾ ਕੀਤੀ ਜਾਵੇ ।
16. ਸਹਿਰੀ ਗਰੀਬਾਂ ਨੂੰ ਮੁਢਲੀ ਸਹੂਲਤਾਂ ਦੇਣ ਸਬੰਧੀ ਉਪਰਾਲੇ ਕੀਤੇ ਜਾਣ ।
17. ਸਾਲ 2014-15 ਦੇ ਪ੍ਰਵਾਨ ਕੀਤੇ ਬਜਟ/ਆਮਦਨ ਦਾ 1% ਨਗਰ ਕੌਂਸਲ ਦੇ ਵਿਕਾਸ ਦੇ ਫੰਡ ਵਿੱਚੋਂ ਸਹਿਰ ਦੀ ਹਰਿਆਵਲੀ/ਗਰੀਨਰੀ ਲਈ ਵਰਤਿਆ ਜਾਵੇ ।
18. ਸਥਾਨਕ ਸੰਸਥਾ ਦੇ ਦਫਤਰ ਵਿੱਚ ਕੰਪਿਊਟਰਾਈਜੇਸਨ ਕਰਨ ਲਈ ਬਜਟ ਦੇ ਫੰਡਾਂ ਵਿੱਚੋਂ ਆਪ ਦੇ ਅਧਿਕਾਰੀਆਂ / ਕਰਮਚਾਰੀਆਂ ਨੂੰ ਕੰਪਿਊਟਰ ਟਰੇਨਿੰਗ ਆਪਣੇ ਪੱਧਰ ਤੇ ਕਰਵਾਈ ਜਾਵੇ ਅਤੇ ਸਾਰੀਆਂ ਬਰਾਂਚਾਂ ਦੀ ਨੈਟ-ਵਰਕਿੰਗ ਕਰਕੇ ਕੰਪਿਊਟਰਾਈਜੇਸਨ ਹਰ ਹਾਲਤ ਵਿੱਚ ਕੀਤੀ ਜਾਵੇ ।
19. ਕਿਸੇ ਵੀ ਸਥਾਨਕ ਸੰਸਥਾ ਦੇ ਸਬੰਧ ਵਿੱਚ ਆਡਿਟ ਵੱਲੋਂ ਜੋ ਇਤਰਾਜ ਲਗਾਏ ਜਾਂਦੇ ਹਨ ਉਨ੍ਹਾਂ ਦਾ ਉੱਤਰ ਆਡਿਟ ਨੋਟ ਵਿੱਚ ਦਰਸਾਏ ਅਨੁਸਾਰ ਸਮੇਂ ਸਿਰ ਸਾਰੇ ਪੈਰ੍ਹੇ ਨਾਲ-ਨਾਲ ਸੈਟਲ ਕਰਵਾਏ ਜਾਣ ।

ਉਪ-ਕੰਟਰੋਲਰ (ਵਿੱਤ ਤੇ ਲੇਖਾ)

ਪਿੱਠ ਅੰਕਣ ਨੰ:ਲੇਖਾ-6-ਉਕਵਲ-ਡਸਸ-14/ ਮਿਤੀ:

ਇਸ ਦਾ ਇੱਕ ਉਤਾਰਾ ਰਿਜਨਲ ਡਿਪਟੀ ਡਾਇਰੈਕਟਰ, ਸਥਾਨਕ ਸਰਕਾਰ, ਅੰਮ੍ਰਿਤਸਰ ਨੂੰ ਸੂਚਨਾਂ ਹਿੱਤ ਭੇਜਿਆ ਜਾਂਦਾ ਹੈ।

ਉਪ-ਕੰਟਰੋਲਰ (ਵਿੱਤ ਤੇ ਲੇਖਾ)